ਭੈਰਉ ਮਹਲਾ ੪ ॥ ਸਤਸੰਗਤਿ ਸਾਈ ਹਰਿ ਤੇਰੀ ਜਿਤੁ ਹਰਿ ਕੀਰਤਿ ਹਰਿ ਸੁਨਣੇ ॥ ਜਿਨ ਹਰਿ ਨਾਮੁ ਸੁਣਿਆ ਮਨੁ ਭੀਨਾ ਤਿਨ ਹਮ ਸ੍ਰੇਵਹ ਨਿਤ ਚਰਣੇ ॥੧॥ ਜਗਜੀਵਨੁ ਹਰਿ ਧਿਆਇ ਤਰਣੇ ॥ ਅਨੇਕ ਅਸੰਖ ਨਾਮ ਹਰਿ ਤੇਰੇ ਨ ਜਾਹੀ ਜਿਹਵਾ ਇਤੁ ਗਨਣੇ ॥੧॥ ਰਹਾਉ ॥ ਗੁਰਸਿਖ ਹਰਿ ਬੋਲਹੁ ਹਰਿ ਗਾਵਹੁ ਲੇ ਗੁਰਮਤਿ ਹਰਿ ਜਪਣੇ ॥ ਜੋ ਉਪਦੇਸੁ ਸੁਣੇ ਗੁਰ ਕੇਰਾ ਸੋ ਜਨੁ ਪਾਵੈ ਹਰਿ ਸੁਖ ਘਣੇ ॥੨॥ ਧੰਨੁ ਸੁ ਵੰਸੁ ਧੰਨੁ ਸੁ ਪਿਤਾ ਧੰਨੁ ਸੁ ਮਾਤਾ ਜਿਨਿ ਜਨ ਜਣੇ ॥ ਜਿਨ ਸਾਸਿ ਗਿਰਾਸਿ ਧਿਆਇਆ ਮੇਰਾ ਹਰਿ ਹਰਿ ਸੇ ਸਾਚੀ ਦਰਗਹ ਹਰਿ ਜਨ ਬਣੇ ॥੩॥ ਹਰਿ ਹਰਿ ਅਗਮ ਨਾਮ ਹਰਿ ਤੇਰੇ ਵਿਚਿ ਭਗਤਾ ਹਰਿ ਧਰਣੇ ॥ ਨਾਨਕ ਜਨਿ ਪਾਇਆ ਮਤਿ ਗੁਰਮਤਿ ਜਪਿ ਹਰਿ ਹਰਿ ਪਾਰਿ ਪਵਣੇ ॥੪॥੩॥੭॥ {ਪੰਨਾ 1135}

ਪਦਅਰਥ:- ਸਾਈ—ਉਹੀ {ਇਸਤ੍ਰੀ ਲਿੰਗ}। ਜਿਤੁ—ਜਿਸ ਵਿਚ। ਕੀਰਤਿ—ਸਿਫ਼ਤਿ-ਸਾਲਾਹ। ਸੁਨਣੇ—ਸੁਣੀ ਜਾਏ। ਭੀਨਾ—ਭਿੱਜ ਗਿਆ। ਤਿਨ ਚਰਣੇ—ਉਹਨਾਂ ਦੇ ਚਰਨ। ਹਮ ਸ੍ਰੇਵਹ—ਅਸੀਂ ਸੇਵੀਏ, ਮੈਂ ਸੇਵਾਂ।1।

ਜਗ ਜੀਵਨੁ—ਜਗਤ ਦਾ ਆਸਰਾ ਪ੍ਰਭੂ। ਧਿਆਇ—ਸਿਮਰ ਕੇ। ਤਰਣੇ—(ਸੰਸਾਰ-ਸਮੁੰਦਰ ਤੋਂ) ਪਾਰ ਲੰਘੀਦਾ ਹੈ। ਅਸੰਖ—ਅਣ-ਗਿਣਤ {ਸੰਖਿਆ—ਗਿਣਤੀ}। ਹਰਿ—ਹੇ ਹਰੀ! ਜਿਹਵਾ—ਜੀਭ। ਇਤੁ—ਇਸ ਦੀ ਰਾਹੀਂ। ਜਿਹਵਾ ਇਤੁ—ਇਸ ਜੀਭ ਨਾਲ।1। ਰਹਾਉ।

ਗੁਰਸਿਖ—ਹੇ ਗੁਰੂ ਦੇ ਸਿੱਖੋ! ਲੇ—ਲੈ ਕੇ। ਕੇਰਾ—ਦਾ। ਘਣੇ—ਬਹੁਤ।2।

ਧੰਨੁ—ਸੋਭਾ ਵਾਲਾ। ਵੰਸੁ—ਕੁਲ, ਖ਼ਾਨਦਾਨ। ਜਿਨਿ—ਜਿਸ ਨੇ। ਜਨ—ਭਗਤ। ਜਣੇ—ਜੰਮੇ, ਜਨਮ ਦਿੱਤਾ। ਜਿਨ—ਜਿਨ੍ਹਾਂ ਨੇ {ਬਹੁ-ਵਚਨ}। 'ਜਿਨਿ' {ਇਕ-ਵਚਨ}। ਸਾਸਿ—(ਹਰੇਕ) ਸਾਹ ਨਾਲ। ਗਿਰਾਸਿ—(ਹਰੇਕ) ਗਿਰਾਹੀ ਨਾਲ। ਸੇ—ਉਹ {ਬਹੁ-ਵਚਨ}। ਸਾਚੀ—ਸਦਾ ਕਾਇਮ ਰਹਿਣ ਵਾਲੀ। ਬਣੇ—ਸੋਭਾ ਵਾਲੇ ਹੋਏ।3।

ਅਗਮ—ਅਪਹੁੰਚ। ਧਰਣੇ—ਰੱਖੇ ਹੋਏ ਹਨ। ਜਨਿ—ਜਨ ਨੇ, (ਜਿਸ) ਸੇਵਕ ਨੇ। ਪਾਰਿ ਪਵਣੇ—ਪਾਰ ਲੰਘ ਜਾਂਦੇ ਹਨ।4।

ਅਰਥ:- ਹੇ ਭਾਈ! ਜਗਤ ਦੇ ਜੀਵਨ ਪ੍ਰਭੂ ਨੂੰ ਹਰੀ ਨੂੰ ਸਿਮਰ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ। ਹੇ ਹਰੀ! (ਤੇਰੀਆਂ ਸਿਫ਼ਤਾਂ ਤੋਂ ਬਣੇ ਹੋਏ) ਤੇਰੇ ਨਾਮ ਅਨੇਕਾਂ ਹਨ ਅਣਗਿਣਤ ਹਨ, ਇਸ ਜੀਭ ਨਾਲ ਗਿਣੇ ਨਹੀਂ ਜਾ ਸਕਦੇ।1। ਰਹਾਉ।

ਹੇ ਹਰੀ! (ਉਹੀ ਇਕੱਠ) ਤੇਰੀ ਸਾਧ ਸੰਗਤਿ (ਅਖਵਾ ਸਕਦਾ) ਹੈ, ਜਿਸ ਵਿਚ, ਹੇ ਹਰੀ! ਤੇਰੀ ਸਿਫ਼ਤਿ-ਸਾਲਾਹ ਸੁਣੀ ਜਾਂਦੀ ਹੈ। ਹੇ ਭਾਈ! (ਸਾਧ ਸੰਗਤਿ ਵਿਚ ਰਹਿ ਕੇ) ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸੁਣਿਆ ਹੈ (ਸਾਧ ਸੰਗਤਿ ਵਿਚ ਟਿਕ ਕੇ) ਜਿਨ੍ਹਾਂ ਦਾ ਮਨ (ਹਰਿ-ਨਾਮ ਅੰਮ੍ਰਿਤ ਵਿਚ) ਭਿੱਜ ਗਿਆ ਹੈ, ਮੈਂ ਉਹਨਾਂ ਦੇ ਚਰਨਾਂ ਦੀ ਸੇਵਾ ਕਰਨੀ (ਆਪਣੀ) ਸੁਭਾਗਤਾ ਸਮਝਦਾ ਹਾਂ।1।

ਹੇ ਗੁਰੂ ਦੇ ਸਿੱਖੋ! ਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦਾ ਨਾਮ ਉਚਾਰਿਆ ਕਰੋ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਗਾਵਿਆ ਕਰੋ, ਹਰੀ ਦਾ ਨਾਮ ਜਪਿਆ ਕਰੋ। ਹੇ ਗੁਰਸਿੱਖੋ! ਜਿਹੜਾ ਮਨੁੱਖ ਗੁਰੂ ਦਾ ਉਪਦੇਸ਼ (ਸਰਧਾ ਨਾਲ) ਸੁਣਦਾ ਹੈ, ਉਹ ਹਰੀ ਦੇ ਦਰ ਤੋਂ ਬਹੁਤ ਸੁਖ ਪ੍ਰਾਪਤ ਕਰਦਾ ਹੈ।2।

ਹੇ ਭਾਈ! ਭਾਗਾਂ ਵਾਲੀ ਹੈ ਉਹ ਕੁਲ, ਧੰਨ ਹੈ ਉਹ ਪਿਉ ਤੇ ਧੰਨ ਹੈ ਉਹ ਮਾਂ ਜਿਸ ਨੇ ਭਗਤ-ਜਨਾਂ ਨੂੰ ਜਨਮ ਦਿੱਤਾ। ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਆਪਣੇ ਹਰੇਕ ਸਾਹ ਦੇ ਨਾਲ ਆਪਣੀ ਹਰੇਕ ਗਿਰਾਹੀ ਦੇ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਦਰਗਾਹ ਵਿਚ ਸੋਭਾ ਵਾਲੇ ਬਣ ਜਾਂਦੇ ਹਨ।3।

ਹੇ ਹਰੀ! (ਤੇਰੇ ਬੇਅੰਤ ਗੁਣਾਂ ਦੇ ਕਾਰਨ) ਤੇਰੇ ਬੇਅੰਤ ਹੀ ਨਾਮ ਹਨ, ਤੂੰ ਆਪਣੇ ਉਹ ਨਾਮ ਆਪਣੇ ਭਗਤਾਂ ਦੇ ਹਿਰਦੇ ਵਿਚ ਟਿਕਾਏ ਹੋਏ ਹਨ। ਹੇ ਨਾਨਕ! ਜਿਸ ਜਿਸ ਸੇਵਕ ਨੇ ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦਾ ਨਾਮ ਪ੍ਰਾਪਤ ਕੀਤਾ ਹੈ, ਉਹ ਸਦਾ ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।4।3।7।